ਪਉੜੀ ॥ ਜਾ ਤੂ ਮੇਰੈ ਵਲਿ ਹੈ ਤਾ ਕਿਆ ਮੁਹਛੰਦਾ ॥ ਤੁਧੁ ਸਭੁ ਕਿਛੁ ਮੈਨੋ ਸਉਪਿਆ ਜਾ ਤੇਰਾ ਬੰਦਾ ॥ ਲਖਮੀ ਤੋਟਿ ਨ ਆਵਈ ਖਾਇ ਖਰਚਿ ਰਹੰਦਾ ॥ ਲਖ ਚਉਰਾਸੀਹ ਮੇਦਨੀ ਸਭ ਸੇਵ ਕਰੰਦਾ ॥ ਏਹ ਵੈਰੀ ਮਿਤ੍ਰ ਸਭਿ ਕੀਤਿਆ ਨਹ ਮੰਗਹਿ ਮੰਦਾ ॥ ਲੇਖਾ ਕੋਇ ਨ ਪੁਛਈ ਜਾ ਹਰਿ ਬਖਸੰਦਾ ॥ ਅਨੰਦੁ ਭਇਆ ਸੁਖੁ ਪਾਇਆ ਮਿਲਿ ਗੁਰ ਗੋਵਿੰਦਾ ॥ ਸਭੇ ਕਾਜ ਸਵਾਰਿਐ ਜਾ ਤੁਧੁ ਭਾਵੰਦਾ ॥੭॥ {ਪੰਨਾ ੧੦੯੬}

ਧਨਾਸਰੀ ਮਹਲਾ ੫ ॥ ਅਉਖੀ ਘੜੀ ਨ ਦੇਖਣ ਦੇਈ ਅਪਨਾ ਬਿਰਦੁ ਸਮਾਲੇ ॥ ਹਾਥ ਦੇਇ ਰਾਖੈ ਅਪਨੇ ਕਉ ਸਾਸਿ ਸਾਸਿ ਪ੍ਰਤਿਪਾਲੇ ॥੧॥ ਪ੍ਰਭ ਸਿਉ ਲਾਗਿ ਰਹਿਓ ਮੇਰਾ ਚੀਤੁ ॥ ਆਦਿ ਅੰਤਿ ਪ੍ਰਭੁ ਸਦਾ ਸਹਾਈ ਧੰਨੁ ਹਮਾਰਾ ਮੀਤੁ ॥ ਰਹਾਉ ॥ ਮਨਿ ਬਿਲਾਸ ਭਏ, ਸਾਹਿਬ ਕੇ ਅਚਰਜ ਦੇਖਿ ਬਡਾਈ ॥ ਹਰਿ ਸਿਮਰਿ ਸਿਮਰਿ ਆਨਦ ਕਰਿ

ਨਾਨਕ ਪ੍ਰਭਿ ਪੂਰਨ ਪੈਜ ਰਖਾਈ ॥੨॥੧੫॥੪੬॥ {ਪੰਨਾ ੬੮੨}

ਬਿਲਾਵਲੁ ਮਹਲਾ ੫ ॥ ਗੁਰਿ ਪੂਰੈ ਮੇਰੀ ਰਾਖਿ ਲਈ ॥ ਅੰਮ੍ਰਿਤ ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ ॥੧॥ ਰਹਾਉ ॥ ਨਿਵਰੇ ਦੂਤ ਦੁਸਟ ਬੈਰਾਈ ਗੁਰ ਪੂਰੇ ਕਾ ਜਪਿਆ ਜਾਪੁ ॥ ਕਹਾ ਕਰੈ ਕੋਈ ਬੇਚਾਰਾ ਪ੍ਰਭ ਮੇਰੇ ਕਾ ਬਡ ਪਰਤਾਪੁ ॥੧॥ ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ ਚਰਨ ਕਮਲ ਰਖੁ ਮਨ ਮਾਹੀ ॥ ਤਾ ਕੀ ਸਰਨਿ ਪਰਿਓ ਨਾਨਕ ਦਾਸੁ ਜਾ ਤੇ ਊਪਰਿ ਕੋ ਨਾਹੀ ॥੨॥੧੨॥੯੮॥ {ਪੰਨਾ ੮੨੩-੮੨੪}

ਗਉੜੀ ਮਹਲਾ ੫ ॥ ਥਿਰੁ ਘਰਿ ਬੈਸਹੁ ਹਰਿਜਨ ਪਿਆਰੇ ॥ ਸਤਿਗੁਰਿ ਤੁਮਰੇ ਕਾਜ ਸਵਾਰੇ ॥੧॥ ਰਹਾਉ ॥ ਦੁਸਟ ਦੂਤ ਪਰਮੇਸਰਿ ਮਾਰੇ ॥ ਜਨ ਕੀ ਪੈਜ ਰਖੀ ਕਰਤਾਰੇ ॥੧॥ ਬਾਦਿਸਾਹ ਸਾਹ

ਸਭ ਵਸਿ ਕਰਿ ਦੀਨੇ ॥ ਅੰਮ੍ਰਿਤ ਨਾਮ ਮਹਾ ਰਸ ਪੀਨੇ ॥੨॥ ਨਿਰਭਉ ਹੋਇ ਭਜਹੁ ਭਗਵਾਨ ॥ ਸਾਧ ਸੰਗਤਿ ਮਿਲਿ ਕੀਨੋ ਦਾਨੁ ॥੩॥ ਸਰਣਿ ਪਰੇ ਪ੍ਰਭ ਅੰਤਰਜਾਮੀ ॥ ਨਾਨਕ ਓਟ ਪਕਰੀ ਪ੍ਰਭ ਸੁਆਮੀ ॥੪॥੧੦੮॥ {ਪੰਨਾ ੨੦੧}

ਧਨਾਸਰੀ ਮਹਲਾ ੫ ॥ ਚਤੁਰ ਦਿਸਾ ਕੀਨੋ ਬਲੁ ਅਪਨਾ ਸਿਰ ਊਪਰਿ ਕਰੁ ਧਾਰਿਓ ॥ ਕ੍ਰਿਪਾ ਕਟਾਖ੍ਯ੍ਯ ਅਵਲੋਕਨੁ ਕੀਨੋ ਦਾਸ ਕਾ ਦੂਖੁ ਬਿਦਾਰਿਓ ॥੧॥ ਹਰਿ ਜਨ ਰਾਖੇ ਗੁਰ ਗੋਵਿੰਦ ॥ ਕੰਠਿ ਲਾਇ ਅਵਗੁਣ ਸਭਿ ਮੇਟੇ ਦਇਆਲ ਪੁਰਖ ਬਖਸੰਦ ॥ ਰਹਾਉ ॥ ਜੋ ਮਾਗਹਿ ਠਾਕੁਰ ਅਪੁਨੇ ਤੇ ਸੋਈ ਸੋਈ ਦੇਵੈ ॥ ਨਾਨਕ ਦਾਸੁ ਮੁਖ ਤੇ ਜੋ ਬੋਲੈ ਈਹਾ ਊਹਾ ਸਚੁ ਹੋਵੈ ॥੨॥੧੪॥੪੫॥ {ਪੰਨਾ ੬੮੧}

ਭੈਰਉ ਮਹਲਾ ੫ ॥ ਊਠਤ ਸੁਖੀਆ ਬੈਠਤ ਸੁਖੀਆ ॥ ਭਉ ਨਹੀ ਲਾਗੈ ਜਾਂ ਐਸੇ ਬੁਝੀਆ

॥੧॥ ਰਾਖਾ ਏਕੁ ਹਮਾਰਾ ਸੁਆਮੀ ॥ ਸਗਲ ਘਟਾ ਕਾ ਅੰਤਰਜਾਮੀ ॥੧॥ ਰਹਾਉ ॥ ਸੋਇ ਅਚਿੰਤਾ ਜਾਗਿ ਅਚਿੰਤਾ ॥ ਜਹਾ ਕਹਾਂ ਪ੍ਰਭੁ ਤੂੰ ਵਰਤੰਤਾ ॥੨॥ ਘਰਿ ਸੁਖਿ ਵਸਿਆ ਬਾਹਰਿ ਸੁਖੁ ਪਾਇਆ ॥ ਕਹੁ ਨਾਨਕ ਗੁਰਿ ਮੰਤ੍ਰੁ ਦ੍ਰਿੜਾਇਆ ॥੩॥੨॥ {ਪੰਨਾ ੧੧੩੬}

**ਸਿਰ ਮਸ੍ਤਕ** ਰਖ੍ਯ੍ਯਾ ਪਾਰਬ੍ਰਹਮੰ, **ਹਸ੍ਤ** ਕਾਯਾ ਰਖ੍ਯ੍ਯਾ ਪਰਮੇਸ੍ਵਰਹ ॥ ਆਤਮ ਰਖ੍ਯ੍ਯਾ ਗੋਪਾਲ ਸੁਆਮੀ, ਧਨ ਚਰਣ ਰਖ੍ਯ੍ਯਾ ਜਗਦੀਸ੍ਵਰਹ ॥ ਸਰਬ ਰਖ੍ਯ੍ਯਾ ਗੁਰ ਦਯਾਲਹ, ਭੈ ਦੂਖ ਬਿਨਾਸਨਹ ॥ ਭਗਤਿ ਵਛਲ ਅਨਾਥ ਨਾਥੇ, ਸਰਣਿ ਨਾਨਕ ਪੁਰਖ ਅਚੁਤਹ ॥੫੨॥(ਪੰਨਾ ੧੩੫੮)

**ਘੋਰ ਦੁਖ੍ਯ੍ਯੰ** ਅਨਿਕ ਹਤ੍ਯ੍ਯੰ ਜਨਮ ਦਾਰਿਦ੍ਰੰ ਮਹਾ ਬਿਖ੍ਯ੍ਯਾਦੰ ॥ ਮਿਟੰਤ ਸਗਲ, ਸਿਮਰੰਤ ਹਰਿ ਨਾਮ ਨਾਨਕ ਜੈਸੇ ਪਾਵਕ ਕਾਸਟ ਭਸਮੰ ਕਰੋਤਿ ॥੧੯॥ (ਪੰਨਾ ੧੩੫੫)

ਸੋਰਠਿ ਮਹਲਾ ੫ ॥ ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥ ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ ਕਰਿ ਭਾਗਾ ॥੧॥ ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥ ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥੨॥੪॥੬੮॥ {ਪੰਨਾ ੬੨੬}

ਬਿਲਾਵਲੁ ਮਹਲਾ ੫ ॥ ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮਕਾਰ ਦੁਖੁ ਲਗੈ ਨ ਭਾਈ ॥੧॥ ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ ॥ ਰਾਮਨਾਮੁ ਅਉਖਧੁ ਦੀਆ ਏਕਾ ਲਿਵ ਲਾਈ ॥੧॥ ਰਹਾਉ ॥ ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ

ਮਿਟਾਈ ॥ ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ ॥੨॥੧੫॥੭੯॥ {ਪੰਨਾ ੮੧੯}

ਸਲੋਕੁ ॥ ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ ॥ ਣਾ ਹਉ ਣਾ ਤੂੰ ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ ॥੧॥{੨੫੬}

ਸਲੋਕ ਮਃ ੫ ॥ ਮਨ ਮਹਿ ਚਿਤਵਉ ਚਿਤਵਨੀ ਉਦਮੁ ਕਰਉ ਉਠਿ ਨੀਤ ॥ ਹਰਿ ਕੀਰਤਨ ਕਾ ਆਹਰੋ ਹਰਿ ਦੇਹੁ ਨਾਨਕ ਕੇ ਮੀਤ ॥੧॥ {ਪੰਨਾ ੫੧੯}

ਸਲੋਕੁ ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ

॥ ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥੧॥ ਏਹੁ ਸਲੋਕੁ ਆਦਿ ਅੰਤਿ ਪੜਣਾ ॥ {ਪੰਨਾ ੨੬੨}

ਪਉੜੀ ॥ ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘ ਨਾਸ ॥ ਹੇ ਪੂਰਨ ਹੇ ਸਰਬਮੈ ਦੁਖ ਭੰਜਨ ਗੁਣਤਾਸ ॥ ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ ॥ ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ ॥ ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ ॥ ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ ॥ ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ

ਗੁਨੁ ਨਹੀ ਕੋਇ ॥ ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ ॥੫੫॥ {ਪੰਨਾ ੨੬੧}

ਮ: ੨ ॥ ਪਉਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਨਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੇ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਹੋਰ ਕੇਤੀ ਛੁਟੀ ਨਾਲਿ ॥੨॥ {ਪੰਨਾ ੧੪੬}